# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :15-01-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਅੰਮ੍ਰਿਤਸਰ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ (GNDU) ਦੇ 50ਵੇਂ ਗੋਲਡਨ ਜੁਬਲੀ ਕਨਵੋਕੇਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ. ਇਸ ਮੌਕੇ ਓਹਨਾਂ 463 ਵਿਦਿਆਰਥੀਆਂ ਨੂੰ ਡਿਗਰੀਆਂ ਅਤੇ ਤਮਗੇ ਪ੍ਰਦਾਨ ਕੀਤੇ. ਯੂਨੀਵਰਸਿਟੀ ਦੇ ਡਿਗਰੀ ਵੰਡ ਸਮਾਰੋਹ ਵਿਖੇ ਰਾਸ਼ਟਰਪਤੀ ਨੇ ਆਪਣੇ ਸੰਬੋਧਨ 'ਚ ਕਿਹਾ – byte – ਰਾਸ਼ਟਰਪਤੀ ਨੇ ਅੰਮ੍ਰਿਤਸਰ ਆਉਣ 'ਤੇ ਖੁਸ਼ੀ ਵੀ ਜ਼ਾਹਿਰ ਕੀਤੀ. ਓਹਨਾਂ ਕਿਹਾ ਕਿ ਇਸ ਯੂਨੀਵਰਸਿਟੀ 'ਚ ਪੜ੍ਹਨ ਦਾ ਮੌਕਾ ਮਿਲਣਾ ਵਿਦਿਆਰਥੀਆਂ ਲਈ ਮਾਣ ਵਾਲੀ ਗੱਲ ਏ.ਇਸ ਸਮਾਰੋਹ 'ਚ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ, ਸਿਖਿਆ ਮੰਤਰੀ ਹਰਜੋਤ ਸਿੰਘ ਬੈਂਸ, ਪਾਰਲੀਮੈਂਟ ਮੈਂਬਰ ਸ਼੍ਰੀ

ਵਿਕਰਮਜੀਤ ਸਿੰਘ ਸਾਹਨੀ ਤੇ ਹੋਰ ਪਤਵੰਤੇ ਮੌਜੂਦ ਸਨ. ਰਾਸ਼ਟਰਪਤੀ ਅੱਜ ਆਪਣੇ ਦੋ ਦਿਨਾਂ ਸਰਕਾਰੀ ਦੌਰੇ 'ਤੇ ਅੱਜ ਪੰਜਾਬ ਪਹੁੰਚੇ ਨੇ । ਰਾਸ਼ਟਰਪਤੀ ਦੇ ਵਿਸ਼ੇਸ਼ ਦੌਰੇ ਨੂੰ ਲੈ ਕੇ ਅੰਮ੍ਰਿਤਸਰ ਪੁਲਿਸ ਪੂਰੀ ਤਰ੍ਹਾਂ ਚੌਕਸ ਏ। ਸ਼ਹਿਰ ਭਰ ਵਿੱਚ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕੀਤੇ ਗਏ ਨੇ। ਭਲਕੇ ਰਾਸ਼ਟਰਪਤੀ ਜਲੰਧਰ ਦੇ ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਦੇ 21ਵੇਂ ਕਨਵੋਕੇਸ਼ਨ 'ਤੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕਰਨਗੇ। ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਉਹ ਸੰਸਥਾ ਵਿੱਚ ਇੱਕ ਉੱਚੇ ਰਾਸ਼ਟਰੀ ਝੰਡੇ ਅਤੇ ਸਾਈਬਰ ਸੁਰੱਖਿਆ ਅਤੇ 5G ਤੇ ਇਸ ਤੋਂ ਪਰ੍ਹਾਂ ਲਈ ਦੋ ਸੈਂਟਰ ਆਫ਼ ਐਕਸੀਲੈਂਸ ਦਾ ਉਦਘਾਟਨ ਵੀ ਕਰਨਗੇ।

---------------------------------------------------------------------------

ਅੱਜ 78 ਵਾਂ ਸੇਨਾ ਦਿਵਸ ਮਨਾਇਆ ਜਾ ਰਿਹਾ ਏ. ਜੈਪੁਰ ‘ਚ ਅੱਜ ਸੇਨਾ ਦਿਵਸ ਪਰੇਡ ‘ਚ ਜਗਤ ਪੂਰਾ ਦੇ ਮਹਿਲ ਰੋਡ ‘ਤੇ ਸੇਨਾ ਨੇ ਆਪਣੇ ਅਨੁਸ਼ਾਸਨ, ਸ਼ਕਤੀ ਅਤੇ ਆਧੁਨਿਕ ਫੌਜੀ

ਸਮਰਥਾਵਾਂ ਦਾ ਵਿਖਾਲਾ ਕੀਤਾ। ਇਸ ਮੌਕੇ ਰਖਿਆ ਮੰਤਰੀ rajnath ਸਿੰਘ, ਮੁਖ ਮੰਤਰੀ ਭਜਨ ਲਾਲ ਸ਼ਰਮਾ ਅਤੇ ਫੌਜ ਮੁਖੀ ਜਨਰਲ ਉਪੇਂਦਰ ਦ੍ਵਿਵੇਦੀ ਪਰੇਡ ਮੌਕੇ ਸਮਾਰੋਹ ‘ਚ ਸ਼ਾਮਿਲ ਹੋਏ. ਇਸ ਵਾਰ ਦਾ ਇਹ ਸਮਾਰੋਹ ਖਾਸ ਏ ਕਿਉਂਕਿ ਪਹਿਲੀ ਵਾਰ ਸੇਨਾ ਦਿਵਸ ਪਰੇਡ ਕਿਸੇ ਰਵਾਇਤੀ ਛਾਉਣੀ ਇਲਾਕੇ ਤੋਂ ਬਾਹਰ ਕਰਾਈ ਗਈ ਏ. । ਇਸ ਮੌਕੇ, ਰਾਸ਼ਟਰਪਤੀ, ਉਪ – ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬਹਾਦਰ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਕਿਹਾ ਕਿ ਭਾਰਤੀ ਫੌਜ, ਰਾਸ਼ਟਰ ਦੀ ਏਕਤਾ, ਪ੍ਰਭੂਸੱਤਾ ਅਤੇ ਅਖੰਡਤਾ ਦੀ ਰਾਖੀ ਲਈ ਦ੍ਰਿੜ ਏ । ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਨੇ ਵੀ ਭਾਰਤੀ ਫੌਜ ਦੇ ਬਹਾਦਰ ਅਫਸਰਾਂ, ਸੈਨਿਕਾਂ ਅਤੇ ਸਾਬਕਾ ਸੈਨਿਕਾਂ ਨੂੰ ਸਲਾਮ ਕੀਤਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਦੇਸ਼ ਭਾਰਤੀ ਫੌਜ ਦੀ ਦਲੇਰੀ ਅਤੇ ਦ੍ਰਿੜ ਵਚਨਬੱਧਤਾ ਨੂੰ ਸਲਾਮ ਕਰਦਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ

ਡਿਊਟੀ ਪ੍ਰਤੀ ਭਾਵਨਾ ਦੇਸ਼ ਭਰ ਵਿੱਚ ਵਿਸ਼ਵਾਸ ਅਤੇ ਸ਼ੁਕਰਗੁਜ਼ਾਰੀ ਨੂੰ ਪ੍ਰੇਰਿਤ ਕਰਦੀ ਏ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਮੌਕੇ ਸੋਸ਼ਲ ਮੀਡਿਆ ਪੋਸਟ ਰਾਹੀਂ ਦੇਸ਼ ਦੀ ਰੱਖਿਆ ਲਈ ਦਿਨ-ਰਾਤ ਸਰਹੱਦਾਂ 'ਤੇ ਡਟੇ ਰਹਿਣ ਵਾਲੇ ਬਹਾਦਰ ਜਵਾਨਾਂ ਦੇ ਹੌਸਲੇ ਤੇ ਜਜ਼ਬੇ ਨੂੰ ਸਲਾਮ.

---

40 ਮੁਕਤਿਆਂ ਦੀ ਅਮਰ ਸ਼ਹਾਦਤ ਦੀ ਯਾਦ ਵਿੱਚ ਲੱਗਣ ਵਾਲਾ ਇਤਿਹਾਸਕ ਜੋੜ ਮੇਲਾ ਮਾਘੀ ਸ੍ਰੀ ਮੁਕਤਸਰ ਸਾਹਿਬ ਵਿਖੇ ਨਗਰ ਕੀਰਤਨ ਨਾਲ ਰਸਮੀ ਤੌਰ ’ਤੇ ਸਮਾਪਤ ਹੋ ਗਿਆ ਏ। ਸ੍ਰੀ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ’ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਜਾਇਆ ਗਿਆ ਇਹ ਨਗਰ ਕੀਰਤਨ ਸਿਰਫ਼ ਧਾਰਮਿਕ ਸਮਾਗਮ ਨਹੀਂ, ਸਗੋਂ ਸਿੱਖ ਕੌਮ ਦੀ ਸਾਂਝੀ ਯਾਦ, ਇਤਿਹਾਸਕ ਚੇਤਨਾ ਅਤੇ ਪੰਥਕ ਏਕਤਾ ਦਾ ਪ੍ਰਤੀਕ ਵੀ ਬਣਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸ੍ਰੀ ਦਰਬਾਰ ਸਾਹਿਬ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ

ਵਿੱਚੋਂ ਲੰਘਦਾ ਹੋਇਆ ਗੁਰਦੁਆਰਾ ਟਿੱਬੀ ਸਾਹਿਬ ਤੱਕ ਪਹੁੰਚਿਆ। ਇਸ ਮੌਕੇ ਨਹੀਂਗ ਸਿੰਘ ਜਥੇਬੰਦੀਆਂ ਦੇ ਆਗੂ ਧਰਮ ਪ੍ਰਚਾਰ ਮੁਖੀ ਸ਼ਬਦੀ ਜਥੇ ਅਤੇ ਸ਼ਹਿਰ ਦੀਆਂ ਸੰਗਤਾਂ ਨੇ ਹਾਜਰੀ ਭਰੀ

-----------------------------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਬੀਤੇ ਦਿਨੀਂ ਹਲਕੇ ਦੇ ਪਿੰਡ ਭੁੱਲਰਵਾਲਾ ਵਿਖੇ ਕਰੀਬ 30 ਲੱਖ ਰੁਪਏ ਦੀ ਲਾਗਤ ਨਾਲ 2 ਕਿਲੋਮੀਟਰ ਲੰਮੀ ਪਾਈਪ ਲਾਈਨ ਦੇ ਕੰਮ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਪਾਣੀ ਦੀ ਇਸ ਪਾਈਪ ਲਾਈਨ ਦੇ ਕੰਮ ਮੁਕੰਮਲ ਹੋਣ ਨਾਲ ਪਿੰਡ ਦੇ 95 ਪਰਿਵਾਰਾਂ ਦੇ 435 ਕਿੱਲਿਆਂ ਲਈ ਪਾਣੀ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਵਾਅਦਾ ਸੀ ਹਰੇਕ ਕਿਸਾਨ ਦੇ ਖੇਤਾਂ ਤੱਕ ਪਾਣੀ ਨੂੰ ਪਹੁੰਚਾਇਆ ਜਾਵੇ ਅਤੇ ਪੰਜਾਬ ਸਰਕਾਰ ਵੱਲੋਂ ਪਾਣੀ ਟੇਲਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਨੇ. ਇਸ ਮੌਕੇ ਹੋਰ ਪਤਵੰਤਿਆਂ ਨਾਲ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।